# ਪੰਜਾਬ ਵਿਧਾਨ ਸਭਾ

## ਵੀਰਵਾਰ ਮਿਤੀ 12 ਮਾਰਚ, 2026 ਨੂੰ ਲਾਏ ਜਾਣ ਵਾਲੇ

## ਗੈਰ-ਸਰਕਾਰੀ ਮਤਿਆਂ ਲਈ ਬੈਲਟ ਦਾ ਨਤੀਜਾ

| ਲੜੀ ਨੰਬਰ | ਮੈਂਬਰ ਦਾ ਨਾਮ | ਵਿਸ਼ਾ |
|---|---|---|
| 1. | ਸ. ਜਸਵੰਤ ਸਿੰਘ ਗੱਜਣਮਾਜਰਾ,ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਸਰਕਾਰ ਅਜਿਹੇ ਕਾਨੂੰਨੀ ਉਪਬੰਧ ਕਰੇ ਕਿ ਰਾਜ ਅੰਦਰ ਨਵੀਂਆ ਸੜਕਾਂ ਦੀ ਉਸਾਰੀ ਅਤੇ ਪੁਰਾਣੀਆਂ ਸੜਕਾਂ ਦੀ ਰਿਪੇਅਰ ਸਮੇਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਉਸਾਰੀ ਜਾਂ ਰਿਪੇਅਰ ਉਪਰੰਤ ਸੜਕਾਂ ਧਰਾਤਲ ਤੋਂ ਇੰਨੀਆਂ ਉਚੀਆਂ ਨਾ ਹੋ ਜਾਣ ਕਿ ਕਿਸਾਨਾਂ ਦੇ ਖੇਤਾਂ ਵਿੱਚ ਵੱਡੀ ਮਾਤਰਾ ਵਿੱਚ ਬਰਸਾਤੀ ਪਾਣੀ ਖੜ੍ਹਾ ਹੋ ਜਾਵੇ।<br><br>**ਡਾਇਰੀ ਨੰਬਰ -16/28/19** |
| 2. | ਸ਼੍ਰੀ ਸੁਖਵਿੰਦਰ ਕੁਮਾਰ ਸੁੱਖੀ,ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਸਿਫ਼ਾਰਸ਼ ਕਰਦਾ ਹੈ ਕਿ ਰਾਜ ਸਰਕਾਰ ਕੇਂਦਰ ਸਰਕਾਰ ਨਾਲ ਤੁਰੰਤ ਸੰਪਰਕ ਕਰਕੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡਾ (ਚੰਡੀਗੜ੍ਹ) ਤੋਂ ਘਰੇਲੂ ਅਤੇ ਅੰਤਰਰਾਸ਼ਟਰੀ ਹਵਾਈ ਸੰਪਰਕ ਨੂੰ ਵਧਾਉਣ, ਚੰਡੀਗੜ੍ਹ ਹਵਾਈ ਅੱਡੇ ਨੂੰ ਨਿਰਧਾਰਿਤ “ਪੌਇੰਟਸ ਆਫ ਕਾਲ” ਦੀ ਸੂਚੀ ਵਿੱਚ ਸ਼ਾਮਲ ਕਰਨ ਅਤੇ ਚੰਡੀਗੜ੍ਹ ਤੇ ਅੰਮ੍ਰਿਤਸਰ ਦੋਹਾਂ ਹਵਾਈ ਅੱਡਿਆਂ ’ਤੇ ਕਾਰਗੋ ਸੰਭਾਲਣ ਦੀ ਸਮਰੱਥਾ ਵਿੱਚ ਮਹੱਤਵਪੂਰਨ ਵਾਧਾ ਕਰਨ ਲਈ ਢੁੱਕਵੇਂ ਅਤੇ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਮੰਗ ਕਰੇ ਤਾਂ ਕਿ ਰਾਜ ਦੀ ਅਰਥਵਿਵਸਥਾ ਅਤੇ ਨਿਰਯਾਤ ਨੂੰ ਬਲ ਮਿਲ ਸਕੇ।<br><br>**ਡਾਇਰੀ ਨੰਬਰ -16/28/14** |
| 3. | ਸ. ਜਸਵੰਤ ਸਿੰਘ ਗੱਜਣਮਾਜਰਾ,ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਸਿਫ਼ਾਰਸ਼ ਕਰਦਾ ਹੈ ਕਿ ਰਾਜ ਦੇ ਸਰਕਾਰੀ ਤੇ ਪ੍ਰਾਇਵੇਟ ਸਕੂਲਾਂ ਵਿੱਚ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਸਿਲੇਬਸ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਵਿਸ਼ੇ ਸ਼ਾਮਲ ਕੀਤੇ ਜਾਣ ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਨਸ਼ੇ ਦੇ ਮਾੜੇ ਪ੍ਰਭਾਵ ਤੋਂ ਬਚਾਇਆ ਜਾ ਸਕੇ।<br><br>**ਡਾਇਰੀ ਨੰਬਰ -16/28/20** |
| 4. | ਸ਼੍ਰੀਮਤੀ ਅਰੁਣਾ ਚੌਧਰੀ , ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਪੁਰਜੋਰ ਸਿਫ਼ਾਰਸ਼ ਕਰਦਾ ਹੈ ਕਿ ਸਕੂਲਾਂ ਵਿੱਚ ਆਰਥਿਕ ਤੌਰ ਤੇ ਕਮਜ਼ੋਰ ਵਿਦਿਆਰਥੀਆਂ ਦੀ ਹਾਜ਼ਰੀ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ ਅਤੇ ਇਸ ਦੇ ਨਾਲ ਹੀ ਸਿੱਖਿਆ ਪ੍ਰਣਾਲੀ ਵਿੱਚ ਮਿਆਰੀ ਸਿੱਖਿਆ ਦੇਣ, ਸਮਾਨਤਾ ਅਤੇ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਲਈ ਲੋੜੀਂਦੇ ਉਪਾਅ ਕੀਤੇ ਜਾਣ ।<br><br>**ਡਾਇਰੀ ਨੰਬਰ -16/28/16** |

| | | |
|---|---|---|
| 5. | ਸ. ਮਨਪ੍ਰੀਤ ਸਿੰਘ ਇਆਲੀ,ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਭਾਸ਼ਾਈ ਆਧਾਰ 'ਤੇ ਰਾਜਾਂ ਦੇ ਪੁਨਰਗਠਨ ਦੇ ਸਿਧਾਂਤਾਂ ਅਤੇ ਪੰਜਾਬ ਦੇ ਇਤਿਹਾਸਕ ਹੱਕਾਂ ਦੇ ਅਨੁਸਾਰ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਅਤੇ ਇਸ ਦੇ ਆਲੇ-ਦੁਆਲੇ ਦੇ ਪੰਜਾਬੀ ਬੋਲਦੇ ਇਲਾਕਿਆਂ ਨੂੰ ਤੁਰੰਤ ਪੰਜਾਬ ਰਾਜ ਨੂੰ ਸੌਂਪਣ ਲਈ ਮਾਮਲਾ ਭਾਰਤ ਸਰਕਾਰ ਕੋਲ ਉਠਾਇਆ ਜਾਵੇ।<br><br>**ਡਾਇਰੀ ਨੰਬਰ -16/28/25** |
| 6. | ਸ. ਪ੍ਰਤਾਪ ਸਿੰਘ ਬਾਜਵਾ, ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫ਼ਾਰਸ਼ ਕਰਦਾ ਹੈ ਕਿ ਸਾਰੇ ਰਾਜ ਵਿੱਚ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਅਗਾਂਹਵਧੂ ਅਤੇ ਸਮਾਵੇਸ਼ੀ ਕਦਮ ਚੁੱਕੇ ਜਾਣ, ਇਸ ਵਿੱਚ ਅਨੁਕੂਲ ਵਾਤਾਵਰਣ ਨੂੰ ਸਿਰਜਣ, ਨਿਵੇਸ਼ ਨੂੰ ਆਕਰਸ਼ਿਤ ਕਰਨ ਅਤੇ ਬਰਾਬਰ ਦੇ ਮੌਕੇ ਪੈਦਾ ਕਰਨ ਨੂੰ ਯਕੀਨੀ ਬਣਾਉਣਾ ਸ਼ਾਮਲ ਹੋਵੇ, ਜਿਸ ਨਾਲ ਰੁਜ਼ਗਾਰ ਦੀਆਂ ਸੰਭਾਵਨਾਵਾਂ ਵੱਧਣ ਅਤੇ ਸਾਰੇ ਹੀ ਨਾਗਰਿਕਾਂ ਦੇ ਫਾਇਦੇ ਲਈ ਸਥਿਰ ਆਰਥਿਕ ਵਿਕਾਸ ਕੀਤਾ ਜਾ ਸਕੇ।<br><br>**ਡਾਇਰੀ ਨੰਬਰ -16/28/3** |
| 7. | ਡਾ. ਨਛੱਤਰ ਪਾਲ, ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਰਾਜ ਦੇ ਸਾਰੇ ਵਰਗਾਂ ਦੇ ਬੱਚਿਆਂ ਨੂੰ ਇੱਕਸਾਰ ਸਿੱਖਿਆ ਪ੍ਰਦਾਨ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਠੋਸ ਕਦਮ ਚੁੱਕੇ ਜਾਣ ।<br><br>**ਡਾਇਰੀ ਨੰਬਰ -16/28/33** |
| 8. | ਸ. ਪਰਗਟ ਸਿੰਘ ਪੋਆਰ, ਐਮ.ਐਲ.ਏ. | ਇਹ ਸਦਨ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਰਾਜ ਸਰਕਾਰ ਕੇਂਦਰ ਸਰਕਾਰ ਨਾਲ ਮਾਮਲਾ ਟੇਕ ਅਪ ਕਰੇ ਕਿ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਤੁਰੰਤ ਵਾਪਸ ਲਿਆ ਜਾਵੇ ਜਾਂ ਇਸ ਵਿੱਚ ਬੁਨਿਆਦੀ ਤਬਦੀਲੀਆਂ ਕੀਤੀਆਂ ਜਾਣ, ਕਿਉਂਕਿ ਇਹ ਸਮਝੌਤਾ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ, ਛੋਟੇ ਅਤੇ ਦਰਮਿਆਨੇ ਵਪਾਰੀਆਂ ਅਤੇ ਘਰੇਲੂ ਉਦਯੋਗਾਂ ਦੇ ਹਿੱਤਾਂ ਦੇ ਵਿਰੁੱਧ ਹੈ ਅਤੇ ਇਸ ਸਮਝੌਤੇ ਦੀ ਪੂਰੀ ਸਮੀਖਿਆ ਕਰਕੇ ਕਿਸਾਨਾਂ, ਮਜ਼ਦੂਰਾਂ, ਵਪਾਰਕ ਸੰਗਠਨਾਂ ਅਤੇ ਪ੍ਰਭਾਵਿਤ ਰਾਜ ਸਰਕਾਰਾਂ ਨਾਲ ਵਿਸਤ੍ਰਿਤ ਸਲਾਹ-ਮਸ਼ਵਰਾ ਕੀਤਾ ਜਾਵੇ, ਤਾਂ ਜੋ ਰਾਸ਼ਟਰੀ ਹਿੱਤਾਂ, ਖੇਤੀਬਾੜੀ ਅਰਥਵਿਵਸਥਾ ਅਤੇ ਘਰੇਲੂ ਉਦਯੋਗਾਂ ਦੀ ਰੱਖਿਆ ਯਕੀਨੀ ਬਣਾਈ ਜਾ ਸਕੇ ।<br><br>**ਡਾਇਰੀ ਨੰਬਰ -16/28/38** |
| 9. | ਸ਼੍ਰੀ ਅਵਤਾਰ ਸਿੰਘ ਜੂਨੀਅਰ,<br>ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫ਼ਾਰਸ਼ ਕਰਦਾ ਹੈ ਕਿ ਸਰਕਾਰੀ ਹਸਪਤਾਲਾਂ ਵਿੱਚ ਪਹੁੰਚਯੋਗ ਅਤੇ ਉੱਚ-ਗੁਣਵੱਤਾ ਵਾਲੀਆਂ ਸਿਹਤ ਸੰਭਾਲ ਸੇਵਾਵਾਂ ਦੀ ਗਾਰੰਟੀ ਯਕੀਨੀ ਬਣਾਉਣ ਲਈ ਲੋੜੀਂਦੇ ਅਤੇ ਵਿਆਪਕ ਕਦਮ ਚੁੱਕੇ ਜਾਣ, ਜਿਸ ਨਾਲ ਸੂਬੇ ਭਰ ਦੇ ਆਮ ਨਾਗਰਿਕਾਂ ਦੀ ਤੰਦਰੁਸਤੀ ਨੂੰ ਯਕੀਨੀ ਬਣਾਇਆ ਜਾ ਸਕੇ ।<br><br>**ਡਾਇਰੀ ਨੰਬਰ -16/28/35** |

| | | |
|---|---|---|
| 10. | ਸ਼੍ਰੀ ਸੁਖਵਿੰਦਰ ਕੁਮਾਰ ਸੁੱਖੀ,ਐਮ.ਐਲ.ਏ. | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਦੇ ਭੂਮੀਹੀਣ ਮੂਲ ਨਿਵਾਸੀਆਂ ਨੂੰ ਆਪਣੇ ਪਰਿਵਾਰ ਦੀ ਰੋਜ਼ੀ-ਰੋਟੀ ਕਮਾਉਣ, ਕੋਈ ਕੰਮ-ਧੰਦਾ ਸ਼ੁਰੂ ਕਰਨ ਜਾਂ ਖੇਤੀਬਾੜੀ ਕਰਨ ਲਈ ਅਤੇ ਬੇਘਰੇ ਲੋਕਾਂ ਨੂੰ ਘਰ ਉਸਾਰਨ ਲਈ ਪਿੰਡਾਂ ਦੀਆਂ ਸਾਂਝੀਆਂ ਜ਼ਮੀਨਾਂ ਵਿੱਚੋਂ ਮੁਫ਼ਤ ਜ਼ਮੀਨ/ਪਲਾਟ ਅਲਾਟ ਕਰਨ ਲਈ ਤੁਰੰਤ ਕਾਰਵਾਈ ਕੀਤੀ ਜਾਵੇ।<br><br>**ਡਾਇਰੀ ਨੰਬਰ -16/28/8** |

ਚੰਡੀਗੜ੍ਹ:
11 ਮਾਰਚ, 2026

ਰਾਮ ਲੋਕ ਖਟਾਣਾ,
ਸਕੱਤਰ ।